ਮਃ ੩ ॥ ਨਾਂਗੇ ਆਵਣਾ ਨਾਂਗੇ ਜਾਣਾ ਹਰਿ ਹੁਕਮੁ ਪਾਇਆ ਕਿਆ ਕੀਜੈ ॥ ਜਿਸ ਕੀ ਵਸਤੁ ਸੋਈ ਲੈ ਜਾਇਗਾ ਰੋਸੁ ਕਿਸੈ ਸਿਉ ਕੀਜੈ ॥ ਗੁਰਮੁਖਿ ਹੋਵੈ ਸੁ ਭਾਣਾ ਮੰਨੇ ਸਹਜੇ ਹਰਿ ਰਸੁ ਪੀਜੈ ॥ ਨਾਨਕ ਸੁਖਦਾਤਾ ਸਦਾ ਸਲਾਹਿਹੁ ਰਸਨਾ ਰਾਮੁ ਰਵੀਜੈ ॥੨॥ {ਪੰਨਾ 1246}

ਪਦ ਅਰਥ:- ਕਿਆ ਕੀਜੈ—ਕੀਹ ਕੀਤਾ ਜਾ ਸਕਦਾ ਹੈ? ਕੋਈ ਨਾਹ-ਨੁੱਕਰ ਨਹੀਂ ਕੀਤੀ ਜਾ ਸਕਦੀ। ਕਿਸੈ ਸਿਉ—ਕਿਸ ਨਾਲ? ਰੋਸੁ—ਰਸੇਵਾਂ, ਗਿਲਾ। ਗੁਰਮੁਖਿ—ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ ਮਨੁੱਖ। ਸਹਜੇ—ਸਹਿਜ ਅਵਸਥਾ ਵਿਚ ਰਹਿ ਕੇ, ਅਡੋਲ ਰਹਿ ਕੇ। ਰਸਨਾ—ਜੀਭ ਨਾਲ। ਨਾਂਗੇ—(ਭਾਵ,) ਖ਼ਾਲੀ ਹੱਥ।

ਅਰਥ:- ਜਗਤ ਵਿਚ ਹਰੇਕ ਜੀਵ ਖ਼ਾਲੀ-ਹੱਥ ਆਉਂਦਾ ਹੈ ਤੇ ਖ਼ਾਲੀ ਹੱਥ ਇਥੋਂ ਤੁਰ ਜਾਂਦਾ ਹੈ—ਪ੍ਰਭੂ ਨੇ ਇਹੀ ਹੁਕਮ ਰੱਖਿਆ ਹੈ, ਇਸ ਵਿਚ ਕੋਈ ਨਾਹ-ਨੁੱਕਰ ਨਹੀਂ ਕੀਤੀ ਜਾ ਸਕਦੀ; (ਇਹ ਜਿੰਦ) ਜਿਸ ਪ੍ਰਭੂ ਦੀ ਦਿੱਤੀ ਹੋਈ ਚੀਜ਼ ਹੈ ਉਹੀ ਵਾਪਸ ਲੈ ਜਾਂਦਾ ਹੈ, (ਇਸ ਬਾਰੇ) ਕਿਸੇ ਨਾਲ ਕੋਈ ਗਿਲਾ ਨਹੀਂ ਕੀਤਾ ਜਾ ਸਕਦਾ।

ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਮੰਨਦਾ ਹੈ, ਤੇ (ਕਿਸੇ ਪਿਆਰੇ ਦੇ ਮਰਨ ਤੇ ਭੀ) ਅਡੋਲ ਰਹਿ ਕੇ ਨਾਮ-ਅੰਮ੍ਰਿਤ ਪੀਂਦਾ ਹੈ।

ਹੇ ਨਾਨਕ! ਸਦਾ ਸੁਖ ਦੇਣ ਵਾਲੇ ਪ੍ਰਭੂ ਨੂੰ ਸਿਮਰੋ, ਤੇ ਜੀਭ ਨਾਲ ਪ੍ਰਭੂ ਦਾ ਨਾਮ ਜਪੋ।2।